ਖਾਨਗੀ ਤਕਸੀਮ ਨਾਲ ਸੰਬੰਧਿਤ ਕੇਸਾਂ ਦਾ ਪਹਿਲ ਦੇ ਆਧਾਰ ’ਤੇ ਨਿਪਟਾਰਾ ਯਕੀਨੀ ਬਣਾਇਆ ਜਾਵੇ : ਡਿਪਟੀ ਕਮਿਸ਼ਨਰ

ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀ ਗਈ ਵਿਸ਼ੇਸ਼ ਮੀਟਿੰਗ ਦੌਰਾਨ ਦਿੱਤੇ ਗਏ ਆਦੇਸ਼

ਤਰਨਤਾਰਨ, 7 ਸਤੰਬਰ :

ਜ਼ਮੀਨ-ਜਾਇਦਾਦ ਸਬੰਧੀ ਖਾਨਗੀ ਤਕਸੀਮ ਦੇ ਕੇਸਾਂ ਨੂੰ ਪਹਿਲ ਦੇ ਆਧਾਰ ’ਤੇ ਨਿਪਟਾਇਆ ਜਾਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਕੀਤੀ ਗਈ ਵਿਸ਼ੇਸ਼ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ, ਐਸ.ਡੀ.ਐਮ. ਪੱਟੀ ਸ੍ਰ. ਸੁਰਿੰਦਰ ਸਿੰਘ, ਐਸ.ਡੀ.ਐਮ. ਤਰਨਤਾਰਨ ਡਾ. ਅਮਨਦੀਪ ਕੌਰ, ਜ਼ਿਲ੍ਹਾ ਮਾਲ ਅਫ਼ਸਰ ਅਰਵਿੰਦਰਪਾਲ ਸਿੰਘ ਤੋਂ ਇਲਾਵਾ ਮਾਲ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਖਾਨਗੀ ਤਕਸੀਮ ਨਾਲ ਸੰਬੰਧਿਤ ਕੇਸਾਂ ਦਾ ਪਹਿਲ ਦੇ ਆਧਾਰ ’ਤੇ ਸਮਾਂਬੱਧ ਨਿਪਟਾਰਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਜ਼ਮੀਨ-ਜਾਇਦਾਦ ਸਬੰਧੀ ਰਜ਼ਾਮੰਦੀ ਨਾਲ ਵੰਡ ਕਰਵਾਉਣ ਲਈ ਆਪਣੇ ਕੇਸਾਂ ਨੂੰ ਸੰਬੰਧਿਤ ਤਹਿਸਲੀਦਾਰ ਜਾਂ ਨਾਇਬ ਤਹਿਸੀਲਦਾਰ ਕੋਲ ਦਰਜ ਕਰਵਾਉਣ ਤਾਂ ਜੋ ਭਵਿੱਖ ਵਿੱਚ ਇਸ ਸਬੰਧੀ ਹੋਣ ਵਾਲੇ ਝਗੜਿਆਂ ਅਤੇ ਖੱਜਲ ਖੁਆਰੀ ਤੋਂ ਛੁਟਕਾਰਾ ਮਿਲ ਸਕੇ।

ਮੀਟਿੰਗ ਦੌਰਾਨ ਉਨ੍ਹਾਂ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਆਪਣੇ-ਆਪਣੇ ਅਧਿਕਾਰ ਖੇਤਰ ਵਿੱਚ ਪੈਂਡਿੰਗ ਪਏ ਰਿਕਵਰੀ ਦੇ ਕੇਸਾਂ ਦਾ ਜਲਦ ਤੋਂ ਜਲਦ ਨਿਪਟਾਰਾ ਕਰਕੇ ਇਸ ਸਬੰਧੀ ਰਿਪੋਰਟ ਭੇਜਣੀ ਯਕੀਨੀ ਬਣਾਉਣ। ਉਨ੍ਹਾਂ ਇਹ ਵੀ ਆਦੇਸ਼ ਦਿੱਤੇ ਕਿ ਬਕਾਇਆ ਪਏ ਔਡਿਟ ਪੈਰਿਆਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਕੀਤਾ ਜਾਵੇ ਤਾਂ ਜੋ ਇਸ ਦੀ ਰਿਪੋਰਟ

ਸਰਕਾਰ ਨੂੰ ਭੇਜੀ ਜਾ ਸਕੇ।

ਇਸ ਮੌਕੇ ’ਤੇ ਤਹਿਸੀਲਦਾਰ ਖਡੂਰ ਸਾਹਿਬ ਸੀਮਾ ਸਿੰਘ, ਤਹਿਸੀਲਦਾਰ ਤਰਨਤਾਰਨ ਗੁਰਵਰਿਆਮ ਸਿੰਘ, ਤਹਿਸੀਲਦਾਰ ਪੱਟੀ ਸਰਬਜੀਤ ਸਿੰਘ, ਨਾਇਬ ਤਹਿਸੀਲਦਾਰ ਗੋਇੰਦਵਾਲ ਸਾਹਿਬ ਹਰਵਿੰਦਰ ਸਿੰਘ, ਨਾਇਬ ਤਹਿਸੀਲਦਾਰ ਪੱਟੀ ਸੁਖਰਾਜ ਸਿੰਘ ਅਤੇ ਨਾਇਬ ਤਹਿਸੀਲਦਾਰ ਹਰੀਕੇ ਨਿਰਜੀਤ ਸਿੰਘ ਵੀ ਹਾਜ਼ਰ ਸਨ।

--------------------------------------